ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-6 ਸ਼ਾਖਾ)

ਵੱਲ

1. ਸਮੂਹ ਜ਼ਿਲ੍ਹਾ ਸਿੱਖਿਆ ਅਫਸਰ(ਸੈ.ਸਿ/ਐ.ਸਿ)
2. ਸਮੂਹ ਸਕੂਲ ਮੁੱਖੀ(ਵੈਬ ਸਾਇਟ ਰਾਹੀਂ)

ਮੀਮੋ ਨੰ: 13/1-2019/SSA/mis/2019117167
ਮਿਤੀ: 15-04-2019

ਵਿਸ਼ਾ: ਸਕੂਲਾਂ ਵਿੱਚ ਇੰਨਰੋਲਮੈਂਟ ਵਧਾਉਣ ਬਾਰੇ।

ਉਪਰੋਕਤ ਵਿਸ਼ੇ ਤੇ ਸਮੇਂ ਸਮੇਂ ਸਿਰ ਹੋਈ ਮੀਟਿੰਗ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

ਵਿਭਾਗ ਦੁਆਰਾ ਸਰਕਾਰੀ ਸਕੂਲਾਂ ਵਿੱਚ ਦਾਖਲੇ ਵਧਾਉਣ ਦੇ ਸਬੰਧ ਵਿੱਚ ਇੰਨਰੋਲਮੈਂਟ ਮੁਹਿੰਮ ਚਲਾਈ ਜਾ ਰਹੀ ਹੈ। ਬਹੁਤ ਸਾਰੇ ਸਕੂਲਾਂ ਦੀ ਇੰਨਰੋਲਮੈਂਟ ਵਿੱਚ ਕਾਫੀ ਵਾਧਾ ਹੋਇਆ ਹੈ ਅਤੇ ਕਈ ਥਾਵਾਂ ਤੇ ਪ੍ਰਾਈਵੇਟਾਂ ਸਕੂਲਾਂ ਤੋਂ ਵਿਦਿਆਰਥੀ ਦਾਖਲਾ ਲੈਣ ਲਈ ਸਰਕਾਰੀ ਸਕੂਲਾਂ ਵਿੱਚ ਆਏ ਹਨ। ਪਰੰਤੂ ਇਸ ਦੇ ਨਾਲ ਹੀ ਇਹ ਵੇਖਣ ਵਿੱਚ ਆਇਆ ਹੈ ਕਿ ਦਾਖਲੇ ਉਪਰੰਤ ਕੁਝ ਲੋੜੀਂਦੀਆਂ ਚੀਜ਼ਾਂ ਵੱਲ ਧਿਆਨ ਦੇਣ ਦੀ ਲੋੜ ਹੈ ਜੋ ਕਿ ਹੇਠ ਲਿਖੇ ਅਨੁਸਾਰ ਹੈ:-

1. ਸਮੂਹ ਸਕੂਲ ਮੁੱਖੀਆਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਸਕੂਲਾਂ ਦੇ ਵਿੱਚ ਪੜ੍ਹਾਈ ਦਾ ਕੰਮ ਤੁਰੰਤ ਸ਼ੁਰੂ ਕੀਤਾ ਜਾਵੇ, ਕਿਉਂਕਿ ਜੇਕਰ ਇਹ ਕੰਮ ਸਮੇਂ ਸਿਰ ਨਹੀਂ ਹੁੰਦਾ ਹੈ ਤਾਂ ਬੱਚਿਆਂ ਦੇ ਮਾਪਿਆਂ ਨੂੰ ਗਲਤ ਸੰਦੇਸ਼ ਜਾਵੇਗਾ। ਕਿਉਂਕਿ ਬੱਚਿਆਂ ਦੇ ਮਾਪਿਆਂ ਨੇ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦਾ ਦਾਖਲਾ ਗੁਣਾਤਮਿਕ ਸਿੱਖਿਆ(Quality Education) ਨੂੰ ਧਿਆਨ ਵਿੱਚ ਰੱਖਦੇ ਹੋਏ ਕਰਵਾਇਆ ਹੈ।

2. ਵਿਭਾਗ ਦੁਆਰਾ ਅੰਗਰੇਜ਼ੀ ਮਾਧਿਅਮ ਬਾਰੇ ਪਹਿਲਾਂ ਵੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਨਵੇਂ ਆਏ ਵਿਦਿਆਰਥੀ ਸਕੂਲਾਂ ਦੇ ਵਿੱਚ ਅੰਗਰੇਜ਼ੀ ਮਾਧਿਅਮ ਨੂੰ ਧਿਆਨ ਵਿੱਚ ਰੱਖਦੇ ਹੋਏ ਹੀ ਆਏ ਹਨ, ਇਸ ਲਈ ਅੰਗਰੇਜ਼ੀ ਮਾਧਿਅਮ ਬੱਚਿਆਂ ਦੀ ਗਿਣਤੀ ਮੁਤਾਬਿਕ ਅਤੇ ਉਹਨਾਂ ਦੀ ਮੰਗਾਂ ਨੂੰ ਧਿਆਨ ਵਿੱਚ ਰੱਖਦੇ ਚਾਲੂ ਕੀਤਾ ਜਾਵੇ। ਕਿਸੇ ਵੀ ਥਾਂ ਤੇ ਅੰਗਰੇਜ਼ੀ ਮਾਧਿਅਮ ਵਿੱਚ ਪੜ੍ਹਨ ਵਾਲੇ ਬੱਚਿਆਂ ਨੂੰ ਨਿਰਾਸ਼ ਨਾ ਕੀਤਾ ਜਾਵੇ, ਸਗੋਂ ਉਹਨਾਂ ਨੂੰ ਉਤਸ਼ਾਹਿਤ ਕੀਤਾ ਜਾਵੇ।

3. ਸਰਕਾਰੀ ਸਕੂਲਾਂ ਦੇ ਵਿੱਚ ਵਿਦਿਆਰਥੀਆਂ ਦੀ ਵਧੀ ਹੋਈ ਗਿਣਤੀ ਨੂੰ ਧਿਆਨ ਵਿੱਚ ਰੱਖਦੇ ਹੋਏ ਜੇਕਰ ਫਰਨੀਚਰ ਲੋੜੀਂਦਾ ਹੈ ਤਾਂ ਉਸ ਦੇ ਸਬੰਧ ਵਿੱਚ ਆਪਣੇ ਜ਼ਿਲ੍ਹਾ ਸਿੱਖਿਆ ਅਫਸਰ ਨਾਲ ਜ਼ੁਬਾਨੀ ਤੌਰ ਤੇ ਮਾਮਲਾ ਟੇਕ-ਅੱਪ ਕੀਤਾ ਜਾਵੇ। ਜੇਕਰ ਨੇੜੇ ਦੇ ਸਕੂਲ ਜਿਥੇ ਕੀਤੇ ਵਾਧੂ ਫਰਨੀਚਰ ਮੌਜੂਦ ਹੋਵੇ ਤਾਂ ਉਸ ਨੂੰ ਲੈਣ ਦੀ ਕਿਰਪਾਲਤਾ ਕੀਤੀ ਜਾਵੇ। ਤੁਹਾਡੇ ਸਕੂਲ ਵਿੱਚ ਜੋ ਵੀ ਫਰਨੀਚਰ ਟੁੱਟਿਆ ਹੋਇਆ ਹੈ ਉਸ ਨੂੰ ਸੁਧਾਰਨ ਦੀ ਖੇਚਲ ਕੀਤੀ ਜਾਵੇ। ਬੈਂਚਾਂ ਨੂੰ ਚੰਗੀ ਤਰ੍ਹਾਂ ਪੇਂਟ ਕਰਵਾਕੇ ਵਿਦਿਆਰਥੀਆਂ ਨੂੰ ਮੁਹੱਇਆ ਕਰਵਾਏ ਜਾਣ। ਇਸ ਤੋਂ ਇਲਾਵਾ ਜੇਕਰ ਹੋਰ ਬੈਂਚਾਂ ਦੀ ਲੋੜ ਹੋਵੇ ਤਾਂ ਆਪਣੇ ਜ਼ਿਲ੍ਹਾ ਦੇ ਜ਼ਿਲ੍ਹਾ ਸਿੱਖਿਆ ਅਫਸਰ ਅਤੇ ਨੋਡਲ ਅਫਸਰ ਨੂੰ ਇਸ ਦੀ ਸੂਚਨਾ ਦਿੱਤੀ ਜਾਵੇ।

4. ਸਾਰੇ ਕਲਾਸ ਰੂਮਾਂ ਵਿੱਚ ਬਲੈਕ ਬੋਰਡ ਜਾਂ ਗਰੀਨ ਬੋਰਡ ਮੁਹੱਇਆ ਕਰਵਾਏ ਜਾਣ।

5. ਸਕੂਲਾਂ ਵਿੱਚ ਵਿਦਿਆਰਥੀਆਂ ਦੀ ਸਫਾਈ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਨਵੇਂ ਆਏ ਵਿਦਿਆਰਥੀਆਂ ਲਈ ਸਕੂਲਾਂ ਵਿੱਚ ਸਾਫ ਸੁਥਰੇ ਵਾਸ਼ਰੂਮਾਂ ਦਾ ਹੋਣ ਬਹੁਤ ਜ਼ਰੂਰੀ ਹੈ। ਵਾਸ਼ਰੂਮਾਂ ਦੀ ਸਫਾਈ ਦੇ ਸਬੰਧ ਵਿੱਚ ਸਕੂਲ ਮੁੱਖੀ/ਪ੍ਰਿੰਸੀਪਲ ਆਪਣਾ ਵਿਸ਼ੇਸ ਧਿਆਨ ਦੇਣ ਦੀ ਖੇਚਲ ਕਰਨ। ਸਕੂਲਾਂ ਦੇ ਮੁੱਖੀ ਇਹ ਯਕੀਨੀ ਬਣਾਉਣਗੇ ਕਿ ਸਕੂਲ ਦੇ ਵਿੱਚ ਵਾਸ਼ਰੂਮਾਂ ਦੀ ਸਫਾਈ ਕੈਮੀਕਲ ਵਰਤਕੇ ਸਹੀ ਤਰੀਕੇ ਨਾਲ ਹੋਵੇ।

6. ਵਿਦਿਆਰਥੀਆਂ ਨੂੰ ਕਿਤਾਬਾਂ ਤੁਰੰਤ ਮੁਹੱਇਆ ਕਰਵਾਈਆਂ ਜਾਣ। ਜੇਕਰ ਕਿਤਾਬਾਂ ਦੇ ਸਬੰਧ ਵਿੱਚ ਕਿਸੇ ਤਰ੍ਹਾਂ ਦੀ ਮੁਸ਼ਕਲ ਆਉਂਦੀ ਹੈ ਤਾਂ ਮੁੱਖ ਦਫਤਰ ਵਿੱਚ ਸ੍ਰੀ ਅਮਰਜੀਤ ਸਿੰਘ, ਏ.ਐਸ.ਪੀ.ਡੀ ਦੇ ਮੋਬਾਇਲ ਨੰ: 9417248104 ਤੇ ਤੁਰੰਤ ਸੂਚਨਾ ਦਿੱਤੀ ਜਾਵੇ।

7. ਅਧਿਆਪਕਾਂ ਦਾ ਵਿਦਿਆਰਥੀਆਂ ਅਤੇ ਮਾਪਿਆਂ ਪ੍ਰਤੀ ਚੰਗਾ ਵਤੀਰਾ ਹੋਣਾ ਲਾਜ਼ਮੀ ਹੈ। ਸਕੂਲ ਮੁੱਖੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਉਹ ਸਟਾਫ ਨੂੰ ਚੰਗੀ ਤਰ੍ਹਾਂ ਸੁਚੇਤ ਕਰਵਾਉਣ ਕਿ ਬੱਚਿਆਂ ਦੇ ਮਨ ਨੂੰ ਠੇਸ ਨਾ ਲਗੇ। ਸਕੂਲ ਦੇ ਵਿੱਚ ਪੜ੍ਹਾਈ ਲਈ ਮਾਹੌਲ ਸੁਖਾਵਾਂ ਬਣਾਇਆ ਜਾਵੇ ਤਾਂ ਜੋ ਵਿਦਿਆਰਥੀ ਸਕੂਲਾਂ ਦੇ ਵਿੱਚ ਵੱਧ ਤੋਂ ਵੱਧ ਆਉਣ ਲਈ ਤਿਆਰ ਹੋਣ।

ਕ੍ਰਿਸ਼ਨ ਕੁਮਾਰ, ਆਈ.ਏ.ਐਸ
ਸਕੱਤਰ ਸਕੂਲ ਸਿੱਖਿਆ